ਸਾਹਿਤਕ ਕਵੀ, ਕਹਾਣੀਕਾਰ, ਲੇਖਕ ਅਤੇ ਗੀਤ ਸੰਗੀਤ ਵਿੱਚ ਰੁਚੀ ਰੱਖਣ ਵਾਲਿਆਂ ਲਈ ਫੋਟੋ ਅਤੇ ਆਪਣੀ ਨਿੱਜੀ ਰਚਨਾ ਭੇਜਣ ਲਈ
Whatsapp No
416 700 9100
vishavpunjabisanjh@gmail.com

ਰੋਜ਼ਾਨਾ
# ਵਿਸ਼ਵ ਪੰਜਾਬੀ ਸਾਂਝ
ਮੁੱਖ ਦਫ਼ਤਰ : ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ ਬਰੈਂਪਟਨ, ਓਨਟਾਰੀਓ



ਮੁੱਖ ਸੰਪਾਦਕ
ਡਾ.ਦਲਬੀਰ ਸਿੰਘ ਕਥੂਰੀਆ


Dalbir Singh Kathuria, CEO
905-230-4800
416-700-9100
BramptonCashandCarry2023@gmail.com
100 KENNEDY ROAD S., BRAMPTON ON L6W 3E7, CANADA
BRAMPTON CASH & CARRY

Village of India
905.450.3333
villageofindia.ca
114 KENNEDY ROAD SOUTH BRAMPTON, ON, L6W 3E7
BUFFET | DINE IN | TAKE OUT | CATERING | LUNCH & DINNER | SWEETS


### ਅਸੀਂ ਅਗਲੇ 2 ਸਾਲਾਂ ਲਈ ਕੈਨੇਡਾ ਆਉਣ ਵਾਲੇ ਪ੍ਰਵਾਸੀਆਂ ਦੀ ਗਿਣਤੀ ਨੂੰ ਕਾਫੀ ਹੱਦ ਤੱਕ ਘਟਾਉਣ ਜਾ ਰਹੇ ਹਾਂ - ਜਸਟਿਨ ਟਰੂਡੋ

# ਪ੍ਰਧਾਨ ਮੰਤਰੀ ਟਰੂਡੋ ਵੱਲੋਂ ਕੈਨੇਡਾ ਦੇ ਇੰਮੀਗ੍ਰੇਸ਼ਨ ਟੀਚਿਆਂ ਵਿੱਚ ਵੱਡੀ ਕਟੌਤੀ ਦਾ ਐਲਾਨ

ਓਟਵਾ, 25 ਅਕਤੂਬਰ (ਵਿਸ਼ਵ ਪੰਜਾਬੀ ਸਾਂਝ,ਕੈਨੇਡਾ):- ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕੈਨੇਡਾ ਦੇ ਇਮੀਗ੍ਰੇਸ਼ਨ ਟੀਚਿਆਂ ਵਿਚ ਵੱਡਾ ਕੱਟ ਲਾਉਣ ਦਾ ਐਲਾਨ ਕੀਤਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਕੋਵਿਡ-19 ਮਹਾਂਮਾਰੀ ਤੋਂ ਬਾਅਦ ਸਰਕਾਰ ਨੂੰ ਸੰਤੁਲਨ ਨਹੀਂ ਮਿਲਿਆ।

ਸਰਕਾਰ ਨੇ 2025 ਅਤੇ 2026 ਵਿੱਚ 500,000 ਨਵੇਂ ਸਥਾਈ ਨਿਵਾਸੀਆਂ ਨੂੰ ਲਿਆਉਣ ਦਾ ਟੀਚਾ ਰੱਖਿਆ ਸੀ ਪਰ ਟਰੂਡੋ ਨੇ ਹੁਣ ਕਿਹਾ ਹੈ ਕਿ ਅਗਲੇ ਸਾਲ ਇਹ ਟੀਚਾ ਘਟਾ ਕੇ 395,000 ਕਰ ਦਿੱਤਾ ਗਿਆ ਹੈ। ਇਹ 2026 ਵਿੱਚ 380,000 ਅਤੇ 2027 ਵਿੱਚ ਹੋਰ ਘਟਾ ਕੇ 365,000 ਤੱਕ ਕਰ ਦਿੱਤਾ ਜਾਵੇਗਾ। ਇਹ ਤਬਦੀਲੀ ਲਿਬਰਲ ਸਰਕਾਰ ਦੀ ਇੰਮੀਗ੍ਰੇਸ਼ਨ ਵਿੱਚ ਵਾਧੇ ਅਤੇ ਆਬਾਦੀ ਵਧਣ ਕਾਰਨ ਘਰ ਲੈਣ ਦੀ ਸਮਰੱਥਾ ▾ਤੇ ਪਏ ਅਸਰ ਕਾਰਨ ਸਰਕਾਰ ਦੀ ਹੋਈ ਅਲੋਚਨਾ ਤੋਂ ਬਾਅਦ ਆਈ ਹੈ। ਸਰਕਾਰ ਦਾ ਟੀਚਾ ਅਗਲੇ ਤਿੰਨ ਸਾਲਾਂ ਵਿੱਚ ਅਸਥਾਈ ਨਿਵਾਸੀਆਂ ਦੀ ਗਿਣਤੀ ਨੂੰ ਘਟਾ ਕੇ ਪੰਜ ਪ੍ਰਤੀਸ਼ਤ ਆਬਾਦੀ ਤੱਕ ਪਹੁੰਚਾਉਣਾ ਵੀ ਹੈ, ਜੋ ਕਿ ਜੁਲਾਈ ਵਿੱਚ 7.2 ਪ੍ਰਤੀਸ਼ਤ ਸੀ। ਇਸਦਾ ਮਤਲਬ ਇਹ ਹੋਵੇਗਾ ਕਿ ਗੈਰ-ਸਥਾਈ ਨਿਵਾਸੀਆਂ ਦੀ ਆਬਾਦੀ 2025 ਵਿੱਚ 445,901 ਅਤੇ 2026 ਵਿੱਚ 445,662 ਤੱਕ ਘਟ ਜਾਵੇਗੀ ਜਦਕਿ 2027 ਵਿੱਚ 17,439 ਦਾ ਮਾਮੂਲੀ ਵਾਧਾ ਹੋਵੇਗਾ।

ਕੈਨੇਡਾ ਸਰਕਾਰ ਵੱਲੋਂ ਇਹ ਕਦਮ ਦੇਸ਼ ਵਿੱਚ ਨਵੇਂ ਸਥਾਈ ਨਿਵਾਸੀਆਂ ਦੀ ਗਿਣਤੀ ਵਿੱਚ ਤੇਜ਼ੀ ਨਾਲ ਵਾਧੇ ਅਤੇ ਵੱਡੀ ਗਿਣਤੀ ਵਿਚ ਅਸਥਾਈ ਤੌਰ 'ਤੇ ਕੈਨੇਡਾ ਆਉਣ ਵਾਲੇ ਲੋਕਾਂ ਦੀ ਗਿਣਤੀ ਦੇ ਮੱਦੇਨਜ਼ਰ ਚੁੱਕਿਆ ਗਿਆ ਹੈ। ਫੈਡਰਲ ਮੰਤਰੀਆਂ ਨੇ ਮੰਨਿਆ ਹੈ ਕਿ ਇਸ ਨਾਲ ਰਿਹਾਇਸ਼ ਅਤੇ ਘਰ ਖ਼ਰੀਦਣ ਦੀ ਸਮਰੱਥਾ 'ਤੇ ਦਬਾਅ ਪਿਆ ਹੈ।

## ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੂੰ ਉਨ੍ਹਾਂ ਦੀ ਹੀ ਪਾਰਟੀ ਦੇ ਸੰਸਦ ਮੈਂਬਰਾਂ ਨੇ ਦਿੱਤੀ ਚਿਤਾਵਨੀ, ਮੰਗਿਆ ਅਸਤੀਫਾ



ਓਟਵਾ, 25 ਅਕਤੂਬਰ (ਵਿਸ਼ਵ ਪੰਜਾਬੀ ਸਾਂਝ,ਕੈਨੇਡਾ): ਭਾਰਤ-ਕੈਨੇਡਾ ਦੇ ਵਿਗੜਦੇ ਸਬੰਧਾਂ ਵਿਚਕਾਰ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀਆਂ ਮੁਸ਼ਕਿਲਾਂ ਵਧ ਗਈਆਂ ਹਨ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੂੰ ਆਪਣੀ ਪਾਰਟੀ ਵਿੱਚ ਹੀ ਵਿਰੋਧ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲਿਬਰਲ ਪਾਰਟੀ ਦੇ ਸਾਂਸਦਾਂ ਨੇ ਟਰੂਡੋ ਨੂੰ 28 ਅਕਤੂਬਰ ਤੱਕ ਸਮਾਂ ਦਿੱਤਾ ਹੈ। ਨਾਰਾਜ਼ ਨੇਤਾਵਾਂ ਨੇ ਟਰੂਡੋ ਨੂੰ ਕਿਹਾ ਕਿ ਜਾਂ ਤਾਂ ਉਹ ਅਹੁਦਾ ਛੱਡ ਦੇਣ ਜਾਂ ਬਗ਼ਾਵਤ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ। ਮੀਡੀਆ ਰਿਪੋਰਟਾਂ ਮੁਤਾਬਕ ਟਰੂਡੋ ਦੀ ਪਾਰਟੀ ਦੇ 24 ਸੰਸਦ ਮੈਂਬਰਾਂ ਨੇ ਚੋਣਾਂ ਤੋਂ ਪਹਿਲਾਂ ਪ੍ਰਧਾਨ ਮੰਤਰੀ ਨੂੰ ਹਟਾਉਣ ਦੀ ਮੰਗ ਕੀਤੀ ਹੈ। ਇਸ ਲਈ ਉਨ੍ਹਾਂ ਨੇ ਮੰਗ ਪੱਤਰ 'ਤੇ ਦਸਤਖਤ ਵੀ ਕੀਤੇ ਹਨ। ਸੰਸਦ ਮੈਂਬਰਾਂ ਦੇ ਦਸਤਖਤ ਕੀਤੇ ਇਸ ਮੰਗ ਪੱਤਰ ਨੂੰ ਹਾਲੇ ਤੱਕ ਜਨਤਕ ਨਹੀਂ ਕੀਤਾ ਗਿਆ ਹੈ। ਇਸ ਪੱਤਰ ਵਿੱਚ ਸੰਸਦ ਮੈਂਬਰਾਂ ਨੇ ਅਗਲੇ ਸਾਲ ਹੋਣ ਵਾਲੀਆਂ ਆਮ ਚੋਣਾਂ ਵਿੱਚ ਹਾਰ ਦੇ ਖਤਰੇ ਦੇ ਮੱਦੇਨਜ਼ਰ ਟਰੂਡੋ ਤੋਂ ਚੋਣਾਂ ਤੋਂ ਪਹਿਲਾਂ ਅਸਤੀਫਾ ਦੇਣ ਦੀ ਮੰਗ ਕੀਤੀ ਹੈ। ਸੰਸਦ ਮੈਂਬਰਾਂ ਨੇ ਟਰੂਡੋ ਨੂੰ ਚੌਥੀ ਵਾਰ ਪ੍ਰਧਾਨ ਮੰਤਰੀ ਦੇ ਅਹੁਦੇ ਲਈ ਚੋਣ ਨਾ ਲੜਨ ਲਈ ਕਿਹਾ ਹੈ। ਪਿਛਲੇ 100 ਸਾਲਾਂ ਵਿੱਚ ਕੋਈ ਵੀ ਕੈਨੇਡੀਅਨ ਆਗੂ ਚੌਥੀ ਵਾਰ ਚੋਣ ਨਹੀਂ ਜਿੱਤਿਆ ਹੈ। ਟਰੂਡੋ ਸਾਹਮਣੇ ਇਹ ਚੁਣੌਤੀ ਅਜਿਹੇ ਸਮੇਂ 'ਚ ਆਈ ਹੈ ਜਦੋਂ ਉਨ੍ਹਾਂ ਦੀ ਸਰਕਾਰ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ ਨੂੰ ਲੈ ਕੇ ਭਾਰਤ ਨਾਲ ਵੱਡੇ ਕੂਟਨੀਤਕ ਤਣਾਅ 'ਚ ਉਲਝੀ ਹੋਈ ਹੈ।




## ਵਿਸ਼ਵ ਪੰਜਾਬੀ ਭਵਨ ਦੇ ਵਿਹੜੇ ਸਨਮਾਨ ਸਮਾਰੋਹ ਅਤੇ ਕਵੀ ਦਰਬਾਰ 27 ਅਕਤੂਬਰ ਨੂੰ

ਬਰੈਂਪਟਨ 25 ਅਕਤੂਬਰ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ) - ਵਿਸ਼ਵ ਪੰਜਾਬੀ ਸਭਾ ਵੱਲੋਂ ਅਦਬੀ ਸ਼ਖਸ਼ੀਅਤਾਂ ਦੇ ਸਨਮਾਨ ਹਿਤ 27 ਅਕਤੂਬਰ ਨੂੰ ਸ਼ਾਮ 6 ਵਜ਼ੇ ਤੋਂ ਲੈ ਕੇ 8 ਵਜ਼ੇ ਤੱਕ ਵਿਸ਼ਵ ਪੰਜਾਬੀ ਭਵਨ ਵਿਖੇ ਸਨਮਾਨ ਸਮਾਰੋਹ ਅਤੇ ਕਵੀ ਦਰਬਾਰ ਦਾ ਆਯੋਜਨ ਕੀਤਾ ਜਾ ਰਿਹਾ। ਇਹ ਸਮਾਰੋਹ ਕਵਿਤਾ, ਗਜ਼ਲ, ਗੀਤ ਅਤੇ ਸ਼ਾਇਰੀ ਨੂੰ ਸਮਰਪਿਤ ਹੋਵੇਗਾ। ਜਿਸ ਵਿੱਚ ਡਾਕਟਰ ਕੁਲਦੀਪ ਪਾਹਵਾ, ਰਮਿੰਦਰ ਵਾਲੀਆ ਅਤੇ ਸੁਰਿੰਦਰ ਨੀਰ ਜੰਮੂ ਸ਼ਖਸ਼ੀਅਤਾਂ ਖਾਸ ਤੌਰ ਤੇ ਸ਼ਾਮਿਲ ਹੋਣਗੀਆਂ। ਇਹ ਸਮਾਰੋਹ 114 ਕੈਨੇਡੀ ਰੋਡ ਸਾਊਥ ਬਰੈਮਪਟਨ ਵਿਖੇ ਸਥਿਤ ਵਿਸ਼ਵ ਪੰਜਾਬੀ ਭਵਨ 'ਚ ਹੋਵੇਗਾ। ਦੱਸ ਦਈਏ ਕਿ ਪੰਜਾਬੀ ਭਾਸ਼ਾ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਯਤਨਸ਼ੀਲ ਸੰਸਥਾ ਵਿਸ਼ਵ ਪੰਜਾਬੀ ਸਭਾ ਵੱਲੋਂ ਸਮੇਂ ਸਮੇਂ ਤੇ ਇਸ ਤਰ੍ਹਾਂ ਦੇ ਸਮਾਰੋਹ ਆਯੋਜਿਤ ਕੀਤੇ ਜਾਂਦੇ ਹਨ। ਉਧਰ, ਵਿਸ਼ਵ ਪੰਜਾਬੀ ਸਭਾ ਦੇ ਚੇਅਰਮੈਨ ਡਾਕਟਰ ਦਲਬੀਰ ਸਿੰਘ ਕਥੂਰੀਆ ਅਤੇ ਉਹਨਾਂ ਦੇ ਸਮੂਹ ਮੈਂਬਰ ਸਾਹਿਬਾਨ ਵੱਲੋਂ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਲਈ ਖੁੱਲ੍ਹਾ ਸੱਦਾ ਦਿੱਤਾ ਗਿਆ।













# ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ, ਗਿਆਨੀ ਹਰਪ੍ਰੀਤ ਸਿੰਘ ਦੀ ਮੈਲਬੋਰਨ ਫੇਰੀ, ਸੰਗਤਾਂ ਵੱਲੋਂ ਨਿੱਘਾ ਸਵਾਗਤ



ਮੈਲਬੌਰਨ : 25 ਅਕਤੂਬਰ (ਵਿਸ਼ਵ ਪੰਜਾਬੀ ਸਾਂਝ,ਕੈਨੇਡਾ ) –ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ, ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਆਪਣੀ ਮੈਲਬੌਰਨ ਫੇਰੀ ਦੌਰਾਨ ਦਲ ਬਾਬਾ ਬਿਧੀ ਚੰਦ ਜੀ ਖ਼ਾਲਸਾ ਛਾਉਣੀ ਪਲੰਪਟਨ ਮੈਲਬੌਰਨ ਵਿੱਖੇ ਪਹੁੰਚੇ। ਇਸ ਮੌਕੇ ਸੰਗਤਾਂ ਵੱਲੋਂ ਸਿੰਘ ਸਾਹਿਬ ਦਾ ਨਿੱਘਾ ਸਵਾਗਤ ਕੀਤਾ ਗਿਆ। ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਸਿੰਘ ਸਾਹਿਬ ਜੀ ਵੱਲੋਂ ਗੁਰਬਾਣੀ ਦੇ ਸ੍ਰੀ ਮੁਖਵਾਕ ਸੰਗਤਾਂ ਨੂੰ ਸਰਵਣ ਕਰਵਾਏ ਅਤੇ ਸੰਗਤਾਂ ਨੂੰ ਸੰਬੋਧਨ ਵੀ ਕੀਤਾ । ਸਥਾਨਕ ਸੇਵਾਦਾਰਾਂ ਵੱਲੋਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਭਾਈ ਦਲਜੀਤ ਸਿੰਘ ਨਿਊਜੀਲੈਂਡ ਵਾਲਿਆਂ ਨਾਲ ਆਏ ਪਤਵੰਤਿਆਂ ਦਾ ਸਨਮਾਨ ਕੀਤਾ ਗਿਆ। ਜਿਕਰਯੋਗ ਹੈ ਕਿ ਸ਼ਨੀਵਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 45 ਪਾਵਨ ਸਰੂਪ ਮੈਲਬੌਰਨ ਤੋ ਨਿਊਜ਼ੀਲੈਂਡ ਲੈ ਕੇ ਜਾਏ ਜਾ ਰਹੇ ਹਨ ਜਿਸ ਦੇ ਚਲਦਿਆਂ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨਿਊਜ਼ੀਲੈਂਡ ਤੋਂ ਮੈਲਬੌਰਨ ਪੁੱਜੀਆਂ ਹੋਈਆਂ ਹਨ ਤੇ ਕੱਲ੍ਹ ਸਿੰਘ ਸਾਹਿਬ ਸੰਗਤਾਂ ਦੀ ਅਗਵਾਈ ਕਰਦਿਆਂ ਪਾਵਨ ਸਰੂਪਾਂ ਦੇ ਨਾਲ ਨਿਊਜ਼ੀਲੈਂਡ ਲਈ ਰਵਾਨਾ ਹੋਣਗੇ। ਅੱਜ ਮੈਲਬੌਰਨ ਵਿੱਖੇ ਠਹਿਰਾ ਦੇ ਦੌਰਾਨ ਗੁਰੁਘਰਾਂ ਚ ਹਾਜ਼ਰੀ ਭਰ ਰਹੇ ਹਨ।

# ਪੰਜਾਬ ਦੇ ਅਰਮਾਨਪ੍ਰੀਤ ਨੇ ਕਰਵਾਈ ਬੱਲੇ-ਬੱਲੇ, NDA ਦੀ ਮੈਰਿਟ ਸੂਚੀ 'ਚ ਪਹਿਲਾ ਰੈਂਕ ਕੀਤਾ ਹਾਸਲ

ਚੰਡੀਗੜ੍ਹ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)– ਸੂਬੇ ਦਾ ਨਾਮ ਰੌਸ਼ਨ ਕਰਦਿਆਂ ਐੱਸ. ਏ. ਐੱਸ. ਨਗਰ (ਮੋਹਾਲੀ) ਵਿਖੇ ਸਥਿਤ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਐੱਮ. ਆਰ. ਐੱਸ. ਏ. ਐੱਫ਼. ਪੀ. ਆਈ) ਵਿੱਚ 12ਵੇਂ ਕੋਰਸ ਦੇ ਕੈਡਿਟ ਅਰਮਾਨਪ੍ਰੀਤ ਸਿੰਘ ਨੇ ਐੱਨ. ਡੀ. ਏ. ਦੀ ਆਲ ਇੰਡੀਆ ਮੈਰਿਟ ਸੂਚੀ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ।

# ਜਿਮਨੀ ਚੋਣਾਂ ਵਿੱਚ ਸੁਖਬੀਰ ਬਾਦਲ ਦੀ ਗੈਰ ਮੌਜੂਦਗੀ, 32 ਸਾਲ ਬਾਅਦ ਪਾਰਟੀ ਨੇ ਛੱਡਿਆ ਮੈਦਾਨ

ਚੰਡੀਗੜ੍ਹ, 25 ਅਕਤੂਬਰ (ਵਿਸ਼ਵ ਪੰਜਾਬੀ ਸਾਂਝ,ਕੈਨੇਡਾ ) – ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਨੇ ਸੂਬੇ ਦੀਆਂ ਚਾਰ ਵਿਧਾਨ ਸਭਾ ਸੀਟਾਂ ਤੇ ਹੋਣ ਜਾ ਰਹੀਆਂ ਜਿਮਨੀ ਚੋਣਾਂ ਨਾਲ ਲੜਨ ਦਾ ਫੈਸਲਾ ਲਿਆ ਹੈ। ਪੰਜਾਬ ਵਿੱਚ ਸਾਲ 1992 ਤੋਂ ਬਾਅਦ ਇਹ ਪਹਿਲਾ ਮੌਕਾ ਹੈ ਜਦੋਂ ਅਕਾਲੀ ਦਲ ਵੱਲੋਂ ਸੂਬੇ ਵਿੱਚ ਹੋਣ ਜਾ ਰਹੀਆਂ ਚੋਣਾਂ ਨਾ ਲੜਨ ਦਾ ਫੈਸਲਾ ਲਿਆ। ਦੱਸ ਦਿੰਨੇ ਹਾਂ ਕਿ ਸ਼੍ਰੀ ਅਕਾਲ ਤਖਤ ਸਾਹਿਬ ਵੱਲੋਂ 30 ਅਗਸਤ ਨੂੰ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕੋਸ਼ਿਸ਼ ਕੀਤਾ ਸੀ ਜਦ ਕਿ ਅਕਾਲ ਤਖਤ ਦੇ ਜਥੇਦਾਰ ਸਾਹਿਬ ਵੱਲੋਂ ਸੁਖਬੀਰ ਬਾਦਲ ਦੀ ਪੈਂਡਿੰਗ ਸਜ਼ਾ ਤੇ ਫੈਸਲਾ ਦੀਵਾਲੀ ਦੇ ਬਾਅਦ ਕਰਨ ਦੀ ਗੱਲ ਵੀ ਕਹੀ ਸੀ। ਉਧਰ, ਸ਼੍ਰੋਮਣੀ ਅਕਾਲੀ ਦਲ ਦੀ ਮੀਟਿੰਗ ਤੋਂ ਬਾਅਦ ਪਾਰਟੀ ਦੇ ਸੀਨੀਅਰ ਆਗੂ ਡਾਕਟਰ ਦਲਜੀਤ



ਸਿੰਘ ਚੀਮਾ ਦਾ ਕਹਿਣਾ ਹੈ ਕਿ ਪੰਜਾਬ ਦੇ ਲੋਕ ਚਾਹੁੰਦੇ ਸਨ ਕਿ ਸੁਖਬੀਰ ਬਾਦਲ ਗਿੱਦੜਬਾਹਾ ਸੀਟ ਤੇ ਜਿਮਨੀ ਚੋਣ ਲੜਨ ਪਰ ਜਥੇਦਾਰ ਸਾਹਿਬ ਦੇ ਆਦੇਸ਼ਾਂ ਤੋਂ ਸਾਫ ਹੋ ਗਿਆ ਕਿ ਸੁਖਬੀਰ ਬਾਦਲ ਪ੍ਰਚਾਰ ਨਹੀਂ ਕਰ ਸਕਦੇ।

**ਇਤਿਹਾਸ ਨੂੰ ਅਣਦੇਖਾ ਕਰ ਰਿਹਾ ਸ਼ਿਅਦ**

ਸ਼੍ਰੋਮਣੀ ਅਕਾਲੀ ਦਲ ਨੇ 13 ਨਵੰਬਰ ਨੂੰ ਹੋਣ ਵਾਲੇ ਵਿਧਾਨ ਸਭਾ ਦੀਆਂ ਜਿਮਨੀ ਚੋਣਾਂ ਨੂੰ ਨਾ ਲੜਨ ਦਾ ਫੈਸਲਾ ਲੈ ਕੇ ਆਪਣੇ ਹੀ ਇਤਿਹਾਸ ਨੂੰ ਅਣਦੇਖਾ ਕਰ ਦਿੱਤਾ। 1992 ਵਿੱਚ ਆਤੰਕਵਾਦ ਦੇ ਦੌਰ ਦੌਰਾਨ ਸ਼੍ਰੋਮਣੀ ਅਕਾਲੀ ਦਲ ਨੂੰ ਵਿਧਾਨ ਸਭਾ ਚੋਣਾਂ ਨਾਲ ਲੜਨ ਦੀ ਗਲਤੀ ਨੂੰ ਸੁਧਾਰਨ ਵਿੱਚ ਕਈ ਸਾਲ ਲੱਗ ਗਏ ਸਨ। ਉਸ ਵੇਲੇ ਵੀ ਸ਼ਿਅਦ ਦਾ ਹਾਲ ਅੱਜ ਦੇ ਹਾਲਾਤਾਂ ਵਾਂਗ ਹੀ ਸੀ। 1995 ਵਿੱਚ ਸ਼ਿਅਦ ਵੱਲੋਂ ਗਿੱਦੜਬਾਹਾ ਤੋਂ ਪਹਿਲੀ ਵਾਰ ਮਨਪ੍ਰੀਤ ਸਿੰਘ ਬਾਦਲ ਨੂੰ ਜਿਮਨੀ ਚੋਣਾਂ ਵਿੱਚ ਉਤਾਰਿਆ ਗਿਆ ਸੀ ਉਹਨਾਂ ਦੀ ਜਿੱਤ ਨਾਲ ਇਸ ਸੀਟ ਤੋਂ ਸ਼ਿਅਦ ਦੀ ਵਾਪਸੀ ਦਾ ਦੋਰ ਦੁਬਾਰਾ ਸ਼ੁਰੂ ਹੋਇਆ ਸੀ। ਜਦਕਿ ਪਾਰਟੀ ਦੀ ਸੱਤਾ ਵਿੱਚ ਵਾਪਸੀ 1997 ਵਿੱਚ ਹੋਈ ਸੀ। ਉਸ ਵੇਲੇ ਪ੍ਰਕਾਸ਼ ਸਿੰਘ ਬਾਦਲ ਪੰਜਾਬ ਦੇ ਮੁੱਖ ਮੰਤਰੀ ਬਣੇ ਅਤੇ ਸ਼ਿਅਦ ਇੱਕ ਤਾਕਤਵਰ ਦਲ ਬਣ ਗਿਆ। ਹਾਲਾਂਕਿ ਉਸ ਸਮੇਂ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਕਿਹਾ ਸੀ ਕਿ 1992 ਦੀਆਂ ਚੋਣਾਂ ਦਾ ਬਾਈਕਾਟ ਕਰਨਾ ਬਹੁਤ ਜਰੂਰੀ ਸੀ, ਪਰ ਚੋਣ ਨਾ ਲੜਨਾ ਸ਼ਿਅਦ ਦੀ ਇੱਕ ਬਹੁਤ ਵੱਡੀ ਗਲਤੀ ਸੀ। ਕਿਉਂਕਿ ਇਸ ਨਾਲ ਪੰਥਕ ਰਾਜਨੀਤਿਕ ਵਿੱਚ ਉਮੀਦ ਤੋਂ ਜਿਆਦਾ ਨੁਕਸਾਨ ਹੋਇਆ ਸੀ

**ਹਰ ਪਾਸਿਓਂ ਘਿਰਿਆ ਸ਼ਿਅਦ, ਵੋਟ ਗ੍ਰਾਫ ਵੀ ਡਿੱਗ ਰਿਹਾ ਥੱਲੇ**

ਸੂਤਰ ਦੱਸਦੇ ਹਨ ਕਿ ਸ਼ਿਅਦ ਨੇ ਸੰਗਰੂਰ ਜਲੰਧਰ ਲੋਕ ਸਭਾ ਜਿਮਨੀ ਚੋਣਾਂ ਦੇ ਹਾਲਾਤਾਂ ਨੂੰ ਦੇਖਦੇ ਹੋਏ ਚੋਣ ਨਾਲ ਲੜਨ ਦਾ ਫੈਸਲਾ ਲਿਆ, ਕਿਉਂਕਿ ਇਹਨਾਂ ਚੋਣਾਂ ਵਿੱਚ ਪਾਰਟੀ ਦਾ ਗਰਾਫ ਥੱਲੇ ਵੱਲ ਚਲਾ ਗਿਆ। ਪੇਂਡੂ ਖੇਤਰ ਵਿੱਚ ਮਜਬੂਤ ਵਰਕਰਾਂ ਦਾ ਦਾਅਵਾ ਕਰਨ ਵਾਲੀ ਸ਼ਿਅਦ ਪਾਰਟੀ ਦੀ ਪੋਲ ਇਸ ਵਾਰ ਦੇ ਪੰਚਾਇਤੀ ਚੋਣਾਂ ਵਿੱਚ ਖੁੱਲ ਗਈ ਹੈ। ਮੰਨਿਆ ਜਾ ਰਿਹਾ ਕਿ ਵੱਡੇ ਬਾਦਲ ਸਾਹਿਬ ਨੇ ਜਿਨਾਂ ਸਥਾਨਕ ਆਗੂਆਂ ਨੂੰ ਲੀਡਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਸੀ ਉਹ ਆਗੂ ਸੁਖਬੀਰ ਬਾਦਲ ਦੇ ਰਵਈਏ ਤੋਂ ਪਰੇਸ਼ਾਨ ਹੋ ਕੇ ਅਲੱਗ ਅਲੱਗ ਦਲਾਂ ਵਿੱਚ ਜਾਣ ਲਈ ਮਜਬੂਰ ਹੋ ਰਹੇ ਨੇ।









# ਸਾਬਕਾ ਵਿਧਾਇਕ ਸਤਿਕਾਰ ਕੌਰ ਤੇ ਭਤੀਜੇ ਨੂੰ ਮੁੜ ਪੁਲਿਸ ਰਿਮਾਂਡ 'ਤੇ ਭੇਜਿਆ

ਚੰਡੀਗੜ੍ਹ, 25 ਅਕਤੂਬਰ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ) - ਡਰੱਗ ਰੈਕੇਟ ਮਾਮਲੇ 'ਚ ਗ੍ਰਿਫ਼ਤਾਰ ਸਾਬਕਾ ਵਿਧਾਇਕ ਸਤਿਕਾਰ ਕੌਰ ਅਤੇ ਉਸ ਦੇ ਭਤੀਜੇ ਜਸਕੀਰਤ ਸਿੰਘ ਨੂੰ ਇਕ ਦਿਨ ਦਾ ਪੁਲਿਸ ਰਿਮਾਂਡ ਖ਼ਤਮ ਹੋਣ ਤੋਂ ਬਾਅਦ ਸ਼ੁੱਕਰਵਾਰ ਨੂੰ ਮੁੜ ਮੁਹਾਲੀ ਅਦਾਲਤ 'ਚ ਪੇਸ਼ ਕੀਤਾ ਗਿਆ। ਮਾਨਯੋਗ ਅਦਾਲਤ ਨੇ ਦੋਵਾਂ ਮੁਲਜ਼ਮਾਂ ਦੇ ਪੁਲਿਸ ਰਿਮਾਂਡ 'ਚ ਦੋ ਦਿਨ ਦਾ ਵਾਧਾ ਕਰ ਦਿੱਤਾ ਹੈ। ਸੂਤਰਾਂ ਅਨੁਸਾਰ ਸਾਬਕਾ ਵਿਧਾਇਕ ਸਤਿਕਾਰ ਕੌਰ ਨੇ ਪੁਲਿਸ ਜਾਂਚ 'ਚ ਖ਼ੁਲਾਸਾ ਕੀਤਾ ਹੈ ਕਿ ਫਿਰੋਜ਼ਪੁਰ ਦੇ ਦੋ ਨੌਜਵਾਨ ਉਸ ਨੂੰ ਹੈਰੋਇਨ ਦੇਣ ਆਉਂਦੇ ਸਨ, ਜਿਸ ਨੂੰ ਉਹ ਅੱਗੇ ਸਪਲਾਈ ਕਰਦੀ ਸੀ। ਇਸ ਦੇ ਨਾਲ ਹੀ ਐਂਟੀ ਨਾਰਕੋਟਿਕਸ ਟਾਸਕ ਫੋਰਸ (ਐਂਟੀਐੱਫ਼) ਦੀ ਟੀਮ ਨੇ ਫ਼ ?ਰੋਜ਼ਪੁਰ ਜ਼ਿਲ੍ਹੇ 'ਚ ਪੈਂਦੇ ਪਿੰਡ ਅੱਲੇਵਾਲ 'ਚ ਸਤਿਕਾਰ ਕੌਰ ਦੇ ਘਰੋਂ ਕੁਝ ਸੁਰਾਗ਼ ਬਰਾਮਦ ਕੀਤੇ ਹਨ। ਟੀਮ ਨੇ ਇਸ ਘਰ ਦੀ ਤਲਾਸ਼ੀ ਲਈ ਅੱਜ ਅਦਾਲਤ 'ਚ ਇਜਾਜ਼ਤ ਮੰਗੀ ਸੀ, ਜਿਸ ਨੂੰ ਅਦਾਲਤ ਨੇ ਮਨਜ਼ੂਰ ਕਰ ਲਿਆ ਹੈ। ਏਐੱਨਟੀਐੱਫ਼ ਦੀ ਟੀਮ ਸਤਿਕਾਰ ਕੌਰ ਨੂੰ ਫਿਰੋਜ਼ਪੁਰ ਲੈ ਗਈ ਹੈ। ਇਸ ਦੇ ਨਾਲ ਹੀ ਉਸ ਦੇ ਘਰੋਂ ਮਿਲੀਆਂ ਪੰਜ ਗੱਡੀਆਂ (ਜਿਨ੍ਹਾਂ ਤੇ ਹਰਿਆਣਾ ਅਤੇ ਦਿੱਲੀ ਦੇ ਨੰਬਰ ਲੱਗੇ ਹੋਏ ਹਨ) ਦੀਆਂ ਨੰਬਰ ਪਲੇਟਾਂ ਦੀ ਜਾਂਚ ਕਰਨ ਲਈ ਆਰਟੀਓ ਤੋਂ ਜਾਣਕਾਰੀ ਮੰਗੀ ਗਈ ਹੈ ਅਤੇ ਤਿੰਨ ਦਿਨਾਂ ਦੇ ਅੰਦਰ ਸਤਿਕਾਰ ਕੌਰ ਦਾ ਵਹਟਸਐੱਪ ਰਿਕਾਰਡ ਵੀ ਮਿਲ ਜਾਵੇਗਾ। ਪੁਲਿਸ ਨੂੰ ਉਮੀਦ ਹੈ ਕਿ ਵਹਟਸਐੱਪ ਰਿਕਾਰਡ ਮਿਲਣ ਤੋਂ ਬਾਅਦ ਕਈ ਅਹਿਮ ਖ਼ੁਲਾਸੇ ਸਾਹਮਣੇ ਆਉਣਗੇ ਅਤੇ ਇਸ ਮਾਮਲੇ 'ਚ ਕਈ ਹੋਰ ਗ੍ਰਿਫ਼ਤਾਰੀਆਂ ਵੀ ਹੋ ਸਕਦੀਆਂ ਹਨ। ਬੀਤੇ ਦਿਨੀਂ ਮੈਡੀਕਲ ਦੌਰਾਨ ਜਸਕੀਰਤ ਦਾ ਡੋਪ ਟੈਸਟ ਪਾਜ਼ੇਟਿਵ ਆਇਆ ਸੀ। ਜਸਕੀਰਤ ਨੇ ਪੁੱਛਗਿੱਛ ਦੌਰਾਨ ਖ਼ੁਲਾਸਾ ਕੀਤਾ ਸੀ ਕਿ ਉਸ ਨੂੰ 20 ਦਿਨ ਪਹਿਲਾਂ ਹੀ ਖਰੜ ਬੁਲਾਇਆ ਗਿਆ ਸੀ। ਉਸ ਨੂੰ 15 ਹਜ਼ਾਰ ਰੁਪਏ ਤਨਖਾਹ ਅਤੇ ਰਹਿਣ ਲਈ ਕਮਰੇ ਦੀ ਪੇਸ਼ਕਸ਼ ਕੀਤੀ ਗਈ ਸੀ। ਦੱਸ ਦੇਈਏ ਕਿ ਐਂਟੀ ਨਾਰਕੋਟਿਕਸ ਟਾਸਕ ਫੋਰਸ (ਏਐੱਨਟੀਐੱਫ) ਨੇ ਫਿਰੋਜ਼ਪੁਰ ਦਿਹਾਤੀ ਤੋਂ ਸਾਬਕਾ ਵਿਧਾਇਕ ਸਤਕਾਰ ਕੌਰ ਨੂੰ ਖਰੜ ਦੇ ਬੂਥਵਾਲਾ ਚੌਕ ਨੇੜੇ ਹੈਰੋਇਨ ਦੀ ਤਸਕਰੀ ਕਰਦੇ ਹੋਏ ਫੜਿਆ ਸੀ। ਸਤਿਕਾਰ ਕੌਰ ਦੇ ਘਰੋਂ 28 ਗ੍ਰਾਮ ਚਿਟਾ, 1.56 ਲੱਖ ਰੁਪਏ ਅਤੇ ਗਹਿਣੇ ਬਰਾਮਦ ਹੋਏ ਹਨ।

# ਪੰਜਾਬ ਪੁਲਿਸ ਨੇ ਪਹਿਲੀ ਦਫ਼ਾ ਪੀਆਈਟੀ-ਐਨਡੀਪੀਐਸ ਐਕਟ ਤਹਿਤ ਚੋਟੀ ਦੇ ਨਸ਼ਾ ਤਸਕਰ ਨੂੰ ਨਿਵਾਰਕ ਹਿਰਾਸਤ ਵਿੱਚ ਰੱਖਣ ਦੇ ਹੁਕਮਾਂ ਨੂੰ ਅਮਲ 'ਚ ਲਿਆਂਦਾ




## ਇਹ ਕਾਰਵਾਈ ਪੰਜਾਬ ਪੁਲਿਸ ਵੱਲੋਂ ਪੀਆਈਟੀ-ਐਨਡੀਪੀਐਸ ਐਕਟ ਦੇ ਸਖ਼ਤ ਉਪਬੰਧਾਂ ਦੀ ਸਫ਼ਲ ਵਰਤੋਂ ਨੂੰ ਦਰਸਾਉਂਦੀ ਹੈ: ਡੀਜੀਪੀ ਗੌਰਵ ਯਾਦਵ



ਚੰਡੀਗੜ੍ਹ, 25 ਅਕਤੂਬਰ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ) - ਸੂਬੇ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟਣ ਦੇ ਇੱਕ ਹੋਰ ਯਤਨ ਤਹਿਤ ਪੰਜਾਬ ਐਂਟੀ ਨਾਰਕੋਟਿਕ ਟਾਸਕ ਫੋਰਸ (ਏ.ਐਨ.ਟੀ.ਐਫ.) ਅਤੇ ਗੁਰਦਾਸਪੁਰ ਪੁਲਿਸ ਨੇ ਪ੍ਰੀਵੈਨਸ਼ਨ ਆਫ਼ ਇਲਿਸਿਟ ਟਰੈਫਿਕ ਇਨ ਨਾਰਕੋਟਿਕਸ ਡਰੱਗਜ਼ ਸਾਈਕੋਟਰੋਪਿਕ ਸਬਸਟਾਂਸਿਜ਼ (ਪੀ.ਆਈ.ਟੀ.-ਐਨ.ਡੀ.ਪੀ.ਐਸ.) ਐਕਟ ਤਹਿਤ ਵਿਸ਼ੇਸ਼ ਉਪਬੰਧਾਂ ਦੀ ਵਰਤੋਂ ਕਰਦਿਆਂ ਸਰਹੱਦੀ ਪਿੰਡ ਸ਼ਹੂਰ ਕਲਾਂ ਦੇ ਅਵਤਾਰ ਸਿੰਘ ਉਰਫ਼ ਤਾਰੀ ਨਾਮੀ ਚੋਟੀ ਦੇ ਨਸ਼ਾ ਤਸਕਰ ਨੂੰ ਦੋ ਸਾਲਾਂ ਲਈ ਪ੍ਰੀਵੈਂਟਿਵ ਡਿਟੈਂਸ਼ਨ (ਨਿਵਾਰਕ ਹਿਰਾਸਤ) ਵਿੱਚ ਰੱਖਣ ਦੇ ਹੁਕਮਾਂ ਨੂੰ ਅਮਲ ਵਿੱਚ ਲਿਆਂਦਾ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦਿੱਤੀ। ਜ਼ਿਕਰਯੋਗ ਹੈ ਕਿ ਇਹ ਪ੍ਰੀਵੈਂਟਿਵ ਡਿਟੈਂਸ਼ਨ (ਨਿਵਾਰਕ ਹਿਰਾਸਤ) ਦਾ ਪਹਿਲਾ ਮਾਮਲਾ ਹੈ ਜਿਸ ਵਿੱਚ ਪੀ.ਆਈ.ਟੀ.-ਐਨਡੀਪੀਐਸ ਐਕਟ ਦੀ ਧਾਰਾ 3 (1) ਅਤੇ ਧਾਰਾ 10 ਦੇ ਤਹਿਤ ਸਮਰੱਥ ਅਥਾਰਟੀ ਵੱਲੋਂ ਆਦੇਸ਼ ਜਾਰੀ ਕੀਤੇ ਗਏ ਹਨ।

ਪੀਆਈਟੀ- ਐਨਡੀਪੀਐਸ ਐਕਟ ਦੀ ਧਾਰਾ 3, ਸਰਕਾਰ ਨੂੰ ਅਜਿਹੇ ਨਸ਼ਾ ਤਸਕਰਾਂ ਨੂੰ ਨਸ਼ੀਲੇ ਪਦਾਰਥਾਂ ਦੀ ਗੈਰ-ਕਾਨੂੰਨੀ ਤਸਕਰੀ ਵਿੱਚ ਸ਼ਾਮਲ ਹੋਣ ਤੋਂ ਰੋਕਣ ਲਈ ਨਿਵਾਰਕ ਹਿਰਾਸਤ ਵਿੱਚ ਲੈਣ ਦਾ ਅਧਿਕਾਰ ਦਿੰਦੀ ਹੈ। ਡੀਜੀਪੀ ਗੌਰਵ ਯਾਦਵ ਨੇ ਆਪਣੇ ਐਕਸ ਹੈਂਡਲ (ਪਹਿਲਾਂ ਟਵਿੱਟਰ) 'ਤੇ ਇੱਕ ਪੋਸਟ ਵਿੱਚ ਜਾਣਕਾਰੀ ਦਿੱਤੀ ਕਿ ਪੰਜਾਬ ਪੁਲਿਸ ਵੱਲੋਂ ਪਹਿਲੀ ਦਫ਼ਾ ਕੀਤੀ ਗਈ ਇਹ ਕਾਰਵਾਈ ਪੀਆਈਟੀ-ਐਨਡੀਪੀਐਸ ਐਕਟ, ਜੋ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਮਾਮਲਿਆਂ ਵਿੱਚ ਨਿਵਾਰਕ ਹਿਰਾਸਤ ਦੀ ਆਗਿਆ ਦਿੰਦਾ ਹੈ, ਦੇ ਸਖ਼ਤ ਉਪਬੰਧਾਂ ਦੀ ਸਫ਼ਲ ਵਰਤੋਂ ਨੂੰ ਦਰਸਾਉਂਦੀ ਹੈ। ਡੀਜੀਪੀ ਨੇ ਕਿਹਾ ਕਿ ਮੁਲਜ਼ਮ ਤਾਰੀ ਨੂੰ ਪੀਆਈਟੀ-ਐਨਡੀਪੀਐਸ ਐਕਟ ਤਹਿਤ ਦੋ ਸਾਲਾਂ ਲਈ ਹਿਰਾਸਤ ਵਿੱਚ ਲੈ ਕੇ ਕੇਂਦਰੀ ਜੇਲ੍ਹ ਬਠਿੰਡਾ ਵਿੱਚ ਭੇਜ ਦਿੱਤਾ ਗਿਆ ਹੈ, ਜੋ ਕਿ ਪੰਜਾਬ ਵਿੱਚ ਨਸ਼ਿਆਂ ਦੀ ਤਸਕਰੀ ਨੂੰ ਰੋਕਣ ਅਤੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਚੱਲ ਰਹੇ ਯਤਨਾਂ ਵੱਲ ਇੱਕ ਮਜ਼ਬੂਤ ਕਦਮ ਨੂੰ ਦਰਸਾਉਂਦਾ ਹੈ।

# ਭਾਜਪਾ, ਕਾਂਗਰਸ ਤੇ ਆਪ ਸ਼੍ਰੋਮਣੀ ਕਮੇਟੀ ਦੀ ਸਾਲਾਨਾ ਚੋਣ 'ਚ ਦੇ ਰਹੇ ਸਿੱਧਾ ਦਖ਼ਲ : ਐਡਵੋਕੇਟ ਧਾਮੀ



ਅੰਮ੍ਰਿਤਸਰ :25 ਅਕਤੂਬਰ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ) -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ 28 ਅਕਤੂਬਰ ਨੂੰ ਹੋਣ ਵਾਲੇ ਸ਼੍ਰੋਮਣੀ ਕਮੇਟੀ ਦੇ ਜਨਰਲ ਹਾਊਸ ਵਿੱਚ ਅਹੁਦੇਦਾਰਾਂ ਦੀ ਚੋਣ 'ਚ ਭਾਰਤੀ ਜਨਤਾ ਪਾਰਟੀ , ਕਾਂਗਰਸ ਤੇ ਆਮ ਆਦਮੀ ਪਾਰਟੀ ਦੇ ਐਮਐਲਏ, ਐਮਪੀ ਅਤੇ ਸੀਨੀਅਰ ਆਗੂ ਸਿੱਧੇ ਤੌਰ 'ਤੇ ਸ਼ ?ਰੋਮਣੀ ਕਮੇਟੀ ਮੈਂਬਰਾਂ ਨੂੰ ਲਾਲਚ ਤੇ ਡਰਾ ਧਮਾਕਾ ਕੇ ਵਿਰੋਧੀ ਧਿਰ ਨੂੰ ਮਜ਼ਬੂਤ ਕਰਨ ਲਈ ਸਿੱਧੇ ਤੌਰ 'ਤੇ ਦਖਲ ਦੇ ਰਹੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ 'ਚ ਸਿੱਧੇ ਤੌਰ 'ਤੇ ਸਿਆਸੀ ਪਾਰਟੀਆਂ ਦਖਲ ਦੇ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਧਾਰਮਿਕ ਜਥੇਬੰਦੀ ਹੈ ਜੋ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਅਤੇ ਸਿੱਖ ਪਰੰਪਰਾਵਾਂ, ਮਰਿਆਦਾ ਅਨੁਸਾਰ ਕੰਮ ਕਰਦੀ ਹੈ ੦ ਉਨ੍ਹਾਂ ਕਿਹਾ ਕਿ ਮੈਂਬਰਾਂ ਨੂੰ ਲਾਲਚ ਦੇ ਕੇ ਕਰਪਸ਼ਨ ਦੇ ਦੌਰ ਨੂੰ ਸ਼੍ਰੋਮਣੀ ਕਮੇਟੀ ਵਿੱਚ ਦਾਖਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੈਂਬਰ ਬਹੁਤ ਸਮਝਦਾਰ ਤੇ ਸੂਝਵਾਨ ਹਨ। ਸ਼੍ਰੋਮਣੀ ਕਮੇਟੀ ਮੈਂਬਰ ਕਿਸੇ ਵੀ ਲਾਲਚ ਨੂੰ ਮੰਨਣ ਲਈ ਤਿਆਰ ਨਹੀਂ ਹਨ 9 ਉਨ੍ਹਾਂ ਕਿਹਾ ਕਿ ਉਹ ਸਮੂਹ ਮੈਂਬਰਾਂ ਦਾ ਧੰਨਵਾਦ ਕਰਦੇ ਹਨ , ਜੋ ਅੱਜ ਵੀ ਉਨ੍ਹਾਂ ਦੇ ਨਾਲ ਚਟਾਣ ਵਾਂਗ ਖੜ੍ਹੇ ਹਨ। ਕਿੱਥੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਸੀਨੀਅਰ ਆਗੂਆਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਉਨ੍ਹਾਂ ਨੂੰ ਚੌਥੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪਦ ਲਈ ਉਮੀਦਵਾਰ ਵਜੋਂ ਚੁਣਿਆ ਹੈ।



# ਪ੍ਰਧਾਨ ਮੰਤਰੀ ਮੋਦੀ ਨੇ ਜਰਮਨ ਕੰਪਨੀਆਂ ਨੂੰ ਭਾਰਤ ਵਿਚ ਨਿਵੇਸ਼ ਕਰਨ ਦਾ ਸੱਦਾ ਦਿੱਤਾ

ਨਵੀਂ ਦਿੱਲੀ, 25 ਅਕਤੂਬਰ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜਰਮਨ ਕੰਪਨੀਆਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਨਿਵੇਸ਼ ਕਰਨ ਲਈ ਭਾਰਤ ਤੋਂ ਬਿਹਤਰ ਕੋਈ ਜਗ ?ਹਾ ਨਹੀਂ ਹੈ। ਉਨ੍ਹਾਂ ਕਿਹਾ ਕਿ ਭਾਰਤ ਦੀ ਦੀ ਵਿਕਾਸ ਕਥਾ ਦਾ ਹਿੱਸਾ ਬਨਣ ਦਾ ਸਹੀ ਸਮਾਂ ਹੈ। 'ਏਸ਼ੀਆ ਪੈਸਿਫਿਕ ਕਾਨਫਰੰਸ ਆਫ਼ ਜਰਮਨ ਬਿਜ਼ਨਸ' ਦੇ 18ਵੇਂ ਸੰਮੇਲਨ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਕਿਹਾ ਕਿ ਵਿਦੇਸ਼ੀ ਨਿਵਸ਼ਕਾਂ ਲਈ 'ਮੇਨ ਇਨ ਇੰਡੀਆ' ਅਤੇ 'ਮੇਕ ਫਾਰ ਦ ਵਰਲਡ' ਪਹਿਲ ਵਿਚ ਸ਼ਾਮਲ ਹੋਣ ਦਾ ਸਹੀ ਸਮਾਂ ਹੈ। ਉਨ੍ਹਾਂ ਕਿਹਾ ਕਿ ਜਰਮਨ ਨੇ ਭਾਰਤ ਦੇ ਹੁਨਰਮੰਦ ਕਰਮਚਾਰੀਆਂ 'ਤੇ ਜੋ ਭਰੋਸਾ ਪ੍ਰਗਟਾਇਆ ਹੈ, ਉਹ ਸ਼ਾਨਦਾਰ ਹੈ ਕਿਉਂਕਿ ਯੂਰਪੀਅਨ ਰਾਸ਼ਟਰ ਨੇ ਹੁਨਰਮੰਦ ਭਾਰਤੀ ਕਰਮਚਾਰੀਆਂ ਲਈ ਵੀਜ਼ਿਆਂ ਦੀ ਗਿਣਤੀ 20,000 ਤੋਂ ਵਧਾ ਕੇ 90,000 ਕਰਨ ਦਾ ਫੈਸਲਾ ਕੀਤਾ ਹੈ।

# ਸ਼ੋਅ ਨੂੰ ਲੈ ਕੇ ਵਿਵਾਦ, ਅਦਾਲਤ ਵੱਲੋਂ ਗਾਇਕ ਸਤਿੰਦਰ ਸਰਤਾਜ ਨੂੰ ਸੰਮਨ ਜਾਰੀ



ਕਪੂਰਥਲਾ, 25 ਅਕਤੂਬਰ,(ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਮਸ਼ਹੂਰ ਗਾਇਕ ਸਤਿੰਦਰ ਸਰਤਾਜ ਨੂੰ ਕਪੂਰਥਲਾ ਦੀ ਇਕ ਅਦਾਲਤ ਨੇ 30 ਅਕਤੂਬਰ ਨੂੰ ਪੇਸ਼ ਹੋਣ ਲਈ ਤਲਬ ਕੀਤਾ ਹੈ। ਇਹ ਸੰਮਨ ਸ਼ਹਿਰ ਦੇ ਇਕ ਸੀਨੀਅਰ ਵਕੀਲ ਅਤੇ ਖਿਡਾਰੀ ਐਸਐਸ ਮੱਲ੍ਹੀ ਦੀ ਅਰਜ਼ੀ 'ਤੇ ਜਾਰੀ ਹੋਏ ਹਨ। ਅਰਜ਼ੀਕਾਰ ਵੱਲੋਂ ਸਤਿੰਦਰ ਸਰਤਾਜ ਦਾ ਇਥੇ 10 ਨਵੰਬਰ ਨੂੰ ਹੋ ਰਿਹਾ ਸ਼ੋਅ ਸਰਕਾਰੀ ਗੁਰੂ ਨਾਨਕ ਸਟੇਡੀਅਮ ਦੀ ਗਰਾਊਂਡ ਵਿੱਚ ਕਰਵਾਏ ਜਾਣ ਦਾ ਵਿਰੋਧ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਇਸ ਸਬੰਧੀ ਸੀਨੀਅਰ ਜੱਜ ਸੁਰੇਸ਼ ਕੁਮਾਰ ਦੀ ਅਦਾਲਤ ਵਿਚ ਸ਼ਿਕਾਇਤ ਦਾਇਰ ਕੀਤੀ ਹੈ।

# ਧਿਆਨ ਚੰਦ ਲਾਈਫ ਟਾਈਮ ਅਚੀਵਮੈਂਟ ਐਵਾਰਡ ਦੀ ਥਾਂ ਲਵੇਗਾ ਅਰਜੁਨ ਪੁਰਸਕਾਰ



ਨਵੀਂ ਦਿੱਲੀ 25 ਅਕਤੂਬਰ (ਵਿਸ਼ਵ ਪੰਜਾਬੀ ਸਾਂਝ ਕੈਨੇਡਾ)-ਭਾਰਤੀ ਖੇਡ ਮੰਤਰਾਲੇ ਨੇ ਇਸ ਸਾਲ ਤੋਂ ਲਾਈਫ ਟਾਈਮ ਅਚੀਵਮੈਂਟ ਲਈ ਧਿਆਨ ਚੰਦ ਪੁਰਸਕਾਰ ਬੰਦ ਕਰਨ ਅਤੇ ਇਸ ਦੀ ਥਾਂ 'ਤੇ ਅਰਜੁਨ ਲਾਈਫ ਟਾਈਮ ਪੁਰਸਕਾਰ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਖੇਡ ਮੰਤਰਾਲੇ ਨੇ ਇੱਕ ਬਿਆਨ 'ਚ ਕਿਹਾ, 'ਖੇਡ ਪੁਰਸਕਾਰਾਂ ਲਈ ਵੱਖ ਵੱਖ ਯੋਜਨਾਵਾਂ ਨੂੰ ਤਰਕਸੰਗਤ ਬਣਾਇਆ ਗਿਆ ਹੈ ਜਿਨ੍ਹਾਂ ਵਿੱਚ ਧਿਆਨ ਚੰਦ ਪੁਰਸਕਾਰ ਦੀ ਥਾਂ ਅਰਜੁਨ ਪੁਰਸਕਾਰ (ਲਾਈਫ ਟਾਈਮ ਅਚੀਵਮੈਂਟ) ਸ਼ੁਰੂ ਕੀਤਾ ਗਿਆ ਹੈ।' -ਧਿਆਨ ਚੰਦ ਲਾਈਫ ਟਾਈਮ ਅਚੀਵਮੈਂਟ ਐਵਾਰਡ ਦੀ ਥਾਂ ਲਵੇਗਾ ਅਰਜੁਨ ਪੁਰਸਕਾਰ

ਨਵੀਂ ਦਿੱਲੀ 25 ਅਕਤੂਬਰ (ਵਿਸ਼ਵ ਪੰਜਾਬੀ ਸਾਂਝ ਕੈਨੇਡਾ)-ਭਾਰਤੀ ਖੇਡ ਮੰਤਰਾਲੇ ਨੇ ਇਸ ਸਾਲ ਤੋਂ ਲਾਈਫ ਟਾਈਮ ਅਚੀਵਮੈਂਟ ਲਈ ਧਿਆਨ ਚੰਦ ਪੁਰਸਕਾਰ ਬੰਦ ਕਰਨ ਅਤੇ ਇਸ ਦੀ ਥਾਂ 'ਤੇ ਅਰਜੁਨ ਲਾਈਫ ਟਾਈਮ ਪੁਰਸਕਾਰ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਖੇਡ ਮੰਤਰਾਲੇ ਨੇ ਇੱਕ ਬਿਆਨ 'ਚ ਕਿਹਾ, 'ਖੇਡ ਪੁਰਸਕਾਰਾਂ ਲਈ ਵੱਖ ਵੱਖ ਯੋਜਨਾਵਾਂ ਨੂੰ ਤਰਕਸੰਗਤ ਬਣਾਇਆ ਗਿਆ ਹੈ ਜਿਨ੍ਹਾਂ ਵਿੱਚ ਧਿਆਨ ਚੰਦ ਪੁਰਸਕਾਰ ਦੀ ਥਾਂ ਅਰਜੁਨ ਪੁਰਸਕਾਰ (ਲਾਈਫ ਟਾਈਮ ਅਚੀਵਮੈਂਟ) ਸ਼ੁਰੂ ਕੀਤਾ ਗਿਆ ਹੈ।'

# ਚੋਣ ਕਮਿਸ਼ਨ ਵੱਲੋਂ ਵਾਹਨ ਵਿਚੋਂ 139 ਕਰੋੜ ਰੁਪਏ ਦੇ ਗਹਿਣੇ ਜ਼ਬਤ



ਪੁਣੇ, 25 ਅਕਤੂਬਰ,(ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਇੱਥੇ ਚੋਣ ਕਮਿਸ਼ਨ ਦੀ ਇੱਕ ਜਾਂਚ ਟੀਮ ਨੇ ਇਕ ਵਾਹਨ ਵਿਚੋਂ 139 ਕਰੋੜ ਦੇ ਗਹਿਣੇ ਜ਼ਬਤ ਕੀਤੇ ਹਨ। ਇਹ ਵਾਹਨ ਲੌਜਿਸਟਿਕ ਸੇਵਾ ਫਰਮ ਨਾਲ ਸਬੰਧਤ ਹੈ। ਦੂਜੇ ਪਾਸੇ ਸ਼ਹਿਰ ਦੀ ਫਰਮ ਨੇ ਦਾਅਵਾ ਕੀਤਾ ਹੈ ਕਿ ਇਹ ਖੇਪ ਉਸ ਦੀ ਹੈ ਤੇ ਇਸ ਸਬੰਧੀ ਸਾਰੇ ਦਸਤਾਵੇਜ਼ ਮੌਜੂਦ ਹਨ। ਦੱਸਣਾ ਬਣਦਾ ਹੈ ਕਿ ਮਹਾਰਾਸ਼ਟਰ ਵਿਚ ਵਿਧਾਨ ਸਭਾ ਚੋਣਾਂ 20 ਨਵੰਬਰ ਨੂੰ ਹੋਣੀਆਂ ਹਨ ਤੇ ਇਸ ਸਬੰਧ ਵਿਚ ਚੋਣ ਕਮਿਸ਼ਨ ਵੱਲੋਂ ਵਿਸ਼ੇਸ਼ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਪੁਲੀਸ ਦੇ ਡਿਪਟੀ ਕਮਿਸ਼ਨਰ (ਜ਼ੋਨ 2) ਸਮਾਰਟਨਾ ਪਾਟਿਲ ਨੇ ਕਿਹਾ ਕਿ ਸੀਕਵਲ ਗਲੋਬਲ ਪ੍ਰੀਸ਼ੀਅਸ ਲੌਜਿਸਟਿਕਸ ਨਾਲ ਸਬੰਧਤ ਇੱਕ ਵਾਹਨ ਨੂੰ ਸਹਿਕਾਰਨਗਰ ਖੇਤਰ ਵਿੱਚ ਰੋਕਿਆ ਗਿਆ ਸੀ। ਪੁੱਛਗਿੱਛ ਕਰਨ 'ਤੇ ਪਤਾ ਲੱਗਿਆ ਕਿ ਵਾਹਨ ਦੇ ਬਕਸਿਆਂ ਵਿਚ ਗਹਿਣੇ ਸਨ ਅਤੇ ਇਹ ਗਹਿਣੇ ਮੁੰਬਈ ਤੋਂ ਲਿਆਂਦੇ ਗਏ ਸਨ। ਪੁਲੀਸ ਤੇ ਵਿਸ਼ੇਸ਼ ਟੀਮ ਨੇ ਇਸ ਬਾਰੇ ਆਮਦਨ ਕਰ ਵਿਭਾਗ ਅਤੇ ਚੋਣ ਅਧਿਕਾਰੀਆਂ ਨੂੰ ਸੂਚਿਤ ਕਰ ਦਿੱਤਾ ਹੈ।

# ਸ਼੍ਰੋਮਣੀ ਕਮੇਟੀ ਚੋਣਾਂ: ਹਰਜਿੰਦਰ ਸਿੰਘ ਧਾਮੀ ਤੇ ਬੀਬੀ ਜਗੀਰ ਕੌਰ ਵਿਚਾਲੇ ਹੋਵੇਗਾ ਮੁਕਾਬਲਾ



ਅੰਮ੍ਰਿਤਸਰ, 25 ਅਕਤੂਬਰ,(ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੇ ਅਹੁਦੇ ਵਾਸਤੇ ਇਸ ਵਾਰ ਮੁੱਖ ਮੁਕਾਬਲਾ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਬੀਬੀ ਜਗੀਰ ਕੌਰ ਵਿਚਾਲੇ ਹੋਵੇਗਾ। ਸ਼੍ਰੋਮਣੀ ਅਕਾਲੀ ਦਲ ਵੱਲੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਆਪਣਾ ਉਮੀਦਵਾਰ ਐਲਾਨਿਆ ਗਿਆ। ਇਸ ਦਾ ਐਲਾਨ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਤੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਵੱਲੋਂ ਜਥੇਬੰਦੀ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੇ ਹਵਾਲੇ ਨਾਲ ਕੀਤਾ ਗਿਆ। ਐਡਵੋਕੇਟ ਧਾਮੀ ਇਸ ਵੇਲੇ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਪ੍ਰਧਾਨ ਵੀ ਹਨ। ਸ਼੍ਰੋਮਣੀ ਅਕਾਲੀ ਦਲ ਵੱਲੋਂ ਅੱਜ ਉਨ੍ਹਾਂ ਦੀ ਮੁੜ ਉਮੀਦਵਾਰ ਵਜੋਂ ਚੋਣ ਕਰਨ 'ਤੇ ਧਾਮੀ ਨੇ ਗੁਰੂ ਘਰ ਦਾ ਸ਼ੁਕਰਾਨਾ ਕੀਤਾ। ਜ਼ਿਕਰਯੋਗ ਹੈ ਕਿ ਇਸ ਚੋਣ ਸਬੰਧੀ ਸ਼੍ਰੋਮਣੀ ਕਮੇਟੀ ਦਾ ਜਨਰਲ ਇਜਲਾਸ 28 ਅਕਤੂਬਰ ਨੂੰ ਤੇਜਾ ਸਿੰਘ ਸਮੁੰਦਰੀ ਹਾਲ ਵਿੱਚ ਹੋਵੇਗਾ। ਇਸ ਵਾਰ ਇਹ ਚੋਣ ਮ_ਕਾਬਲਾ ਦਿਲਚਸਪ ਹੋਣ ਜਾ ਰਿਹਾ ਹੈ। ਇਸ ਮੁਕਾਬਲੇ ਵਾਸਤੇ ਸ਼੍ਰੋਮਣੀ ਅਕਾਲੀ ਦਲ ਦੀ ਨਾਰਾਜ਼ ਧਿਰ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਵੱਲੋਂ ਬੀਬੀ ਜਗੀਰ ਕੌਰ ਨੂੰ ਆਪਣਾ ਉਮੀਦਵਾਰ ਐਲਾਨਿਆ ਗਿਆ ਹੈ ਜੋ ਸ੍ਰੋਮਣੀ ਕਮੇਟੀ ਦੀ ਪ੍ਰਧਾਨ ਰਹਿ ਚੁੱਕੀ ਹੈ। ਐਡਵੋਕੇਟ ਧਾਮੀ ਅਤੇ ਬੀਬੀ ਜਗੀਰ ਕੌਰ ਵਿਚਾਲੇ ਪਹਿਲਾਂ ਵੀ 2022 ਵਿੱਚ ਸ੍ਰੋਮਣੀ ਕਮੇਟੀ ਦੇ ਪ੍ਰਧਾਨ ਦੇ ਅਹੁਦੇ ਵਾਸਤੇ ਮੁਕਾਬਲਾ ਹੋ ਚੁੱਕਾ ਹੈ।

# 27 ਹਵਾਈ ਉਡਾਣਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ




ਨਵੀਂ ਦਿੱਲੀ,25 ਅਕਤੂਬਰ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਦੇਸ਼ ਦੀਆਂ ਘਰੇਲੂ ਤੇ ਕੌਮਾਂਤਰੀ ਹਵਾਈ ਉਡਾਣਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਦੇਣ ਦਾ ਸਿਲਸਿਲਾ ਅੱਜ ਵੀ ਜਾਰੀ ਰਿਹਾ। ਅੱਜ 27 ਹਵਾਈ ਉਡਾਣਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਦਿੱਤੀਆਂ ਗਈਆਂ ਜਿਸ ਸਬੰਧੀ ਹਵਾਈ ਅੱਡਾ ਅਥਾਰਿਟੀ ਤੇ ਹਵਾਈ ਕੰਪਨੀਆਂ ਨੇ ਸੁਰੱਖਿਆ ਸਬੰਧੀ ਨਿਯਮਾਂ ਦਾ ਪਾਲਣ ਕੀਤਾ। ਦੂਜੇ ਪਾਸੇ ਪੁਲੀਸ ਤੇ ਸੁਰੱਖਿਆ ਬਲਾਂ ਨੇ ਹਵਾਈ ਅੱਡਿਆਂ 'ਤੇ ਸੁਰੱਖਿਆ ਵਧਾ ਦਿੱਤੀ ਹੈ। ਦੂਜੇ ਪਾਸੇ ਪੁਲੀਸ ਤੇ ਵਿਸ਼ੇਸ਼ ਟੀਮਾਂ ਨੇ ਧਮਕੀਆਂ ਦੇਣ ਵਾਲਿਆਂ ਦੇ ਸੋਸ਼ਲ ਮੀਡੀਆ 'ਤੇ ਖਾਤੇ ਸੀਜ਼ ਕਰ ਦਿੱਤੇ ਹਨ। ਇਸ ਤੋਂ ਇਕ ਦਿਨ ਪਹਿਲਾਂ 85 ਹਵਾਈ ਉਡਾਣਾਂ ਨੂੰ ਧਮਕੀਆਂ ਦਿੱਤੀਆਂ ਗਈਆਂ ਸਨ ਜਿਨ੍ਹਾਂ ਵਿਚ ਏਅਰ ਇੰਡੀਆ, ਇੰਡੀਗੋ ਤੇ ਵਿਸਤਾਰਾ ਦੀਆਂ 20-20 ਉਡਾਣਾਂ ਤੇ ਅਕਾਸਾ ਏਅਰ ਦੀਆਂ 25 ਉਡਾਣਾਂ ਸ਼ਾਮਲ ਸਨ।

ਖੁਸ਼ਖਬਰੀ ! ਖੁਸ਼ਖਬਰੀ ! ਖੁਸ਼ਖਬਰੀ !
ਹੁਣ ਤੁਹਾਡੀ ਸੇਵਾ ਵਿੱਚ
BRAMPTON CASH & CARRY
ਦੀ ਇੱਕ ਨਵੀਂ ਬਰਾਂਚ ਬਹੁਤ ਜਲਦ ਖੁੱਲ ਰਹੀ ਹੈ।
ਇਸ ਗੱਲ ਦਾ ਖੁਲਾਸਾ ਉੱਘੇ ਉਦਯੋਗਪਤੀ ਦਲਬੀਰ ਸਿੰਘ ਕਥੂਰੀਆ ਨੇ ਕੀਤਾ
3643 Portage Rd, Niagara Falls
416-700-9100

## ਜ਼ਰੂਰੀ ਸੂਚਨਾਂ

ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਆਪਣਾ ਰੋਜ਼ਾਨਾ ਅਖ਼ਬਾਰ ਸ਼ੁਰੂ ਕੀਤਾ ਗਿਆ ਹੈ,ਜਿਸ ਦਾ ਨਾਮ 'ਵਿਸਵ ਪੰਜਾਬੀ ਸਾਂਝ'ਰੱਖਿਆ ਗਿਆ ਹੈ। ਤੁਸੀ ਆਪਣੀਆਂ ਰਚਨਾਵਾਂ/ਕਹਾਣੀ/ ਲੇਖ ਜਾਂ ਸਾਹਿਤਕ ਕਿਰਤ ਛੱਪਣ ਲਈ ਭੇਜ ਸਕਦੇ ਹੋ।

ਲਿਖਤਾਂ ਭੇਜਣ ਲਈ ਈਮੇਲ ਪਤਾ
vishavPunjabisanjh@gmail.com

ਲੇਖਕ ਆਪਣਾ ਨਾਮ ਫੋਨ ਨੰਬਰ ਅਤੇ ਫੋਟੋ ਵੀ ਜਰੂਰ ਭੇਜਣ ਦੀ ਕ੍ਰਿਪਾਲਤਾ ਕਰੋਂ

ਨੋਟ : ਅਖ਼ਬਾਰ ਵਿੱਚ ਭੇਜੀਆ ਰਚਨਾਵਾਂ ਜਾਂ ਸਮੱਗਰੀ ਸਾਹਿਤਕ ਅਤੇ ਸੱਭਿਅਕ ਹੋਵੇ ਸਮਾਜ ਨੂੰ ਸੇਧ ਦੇਣ ਵਾਲੀ ਹੋਵੇ।

ਅਖ਼ਬਾਰ ਵਿੱਚ ਸ਼ਾਮਿਲ ਲਿਖਤਾਂ ਤੇ ਵਿਚਾਰਾਂ ਲਈ ਲੇਖਕ ਖੁਦ ਜਿੰਮੇਵਾਰ ਹੈ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ




Weight
20 Pond
Price
$12.99
AASHIRVAAD
AASHIRVAAD ATTA
BRAMPTON CASH & CARRY
I am Sorry !!!!!
BramptonCashandCarry2023@gmail.co
KENNEDY ROAD S., BRAMPTON ON L6W 3E7, CANADA
905-230-4800


BRAMPTON CASH AND CARRY
WHOLESALER
IMPORTER
DISTRIBUTOR
RETAILER
Wholesaler, Importer, Distributor & Retailer of Restaurants Supply
STAR SALT
Surf excel
LUX
MARIE
fortune
Vim
kissan FRESH TOMATO
Basundi Masala Mix
BRAMPTON
CASH & CARRY
Brampton CashandCarry2023@gmail.com
905-230-4800
100 Kennedy Road S., Brampton, ON L6W 3E7


AAPKI PASAND AAPKA SWAAD
DURUM CHAKKI
ATTA
Aapki
PASAND
AAPKA SWAAD
आटा
ਆਟਾ
Indian Style
DURUM
CHAKKI
ATTA
FARINE DE BLÉ
WHOLE WHEAT 100% BLÉ ENTIER
WEIGHT
20LB
PRICE
$9.99
6HR
SOFTNESS
BEST FOR ROLLS, PARANTHAS. POORIS & HOTBREADS
Contact us
905-230-4800 | 416-700-9100
100 KENNEDY ROAD S., BRAMPTON ON L6W 3E7, CANADA

ROYAL SHIELD GROUP

# SUPER VISA INSURANCE

EMERGENCY MEDICAL INSURANCE FOR
- STUDENTS
- VISITORS
- WORK PERMIT HOLDERS

CHILD PLAN

Do you want to give a **Life Time Gift to your Child?** Call Now to set up this plan!

- A MAGICAL POLICY
- 20 Years To Pay!

SAHAS BRAR
416-660-6151






TEHAL SINGH BRAR
INSURANCE ADVISOR
905-782-2013